# ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਾਉਣ ਸਬੰਧੀ ਲਗਾਏ ਜਾਣਗੇ ਵਿਸ਼ੇਸ ਜਾਗਰੂਕਤਾ ਕੈਂਪ- *ਡਿਪਟੀ ਕਮਿਸ਼ਨਰ*

**ਜ਼ਿਲ੍ਹੇ ਵਿੱਚ ਕਿਸੇ ਵੀ ਕੰਬਾਈਨ ਨੂੰ ਸੁਪਰ ਐੱਸ. ਐੱਮ. ਐੱਸ. ਲਗਾਏ ਬਿਨ੍ਹਾਂ ਨਹੀਂ ਕਰਨ ਦਿੱਤੀ ਜਾਵੇਗੀ ਝੋਨੇ ਦੀ ਕਟਾਈ**

ਤਰਨਤਾਰਨ, 3 ਅਗਸਤ :

ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਾਉਣ ਸਬੰਧੀ ਬਲਾਕ ਅਤੇ ਪਿੰਡ ਪੱਧਰ ‘ਤੇ ਵਿਸ਼ੇਸ ਜਾਗਰੂਕਤਾ ਕੈਂਪ ਲਗਾਏ ਜਾਣਗੇ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਇਹਨਾਂ ਕੈਂਪਾਂ ਦੌਰਾਨ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਸਬੰਧੀ, ਸਹਾਇਕ ਧੰਦਿਆਂ ਸਬੰਧੀ ਅਤੇ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਗਾਉਣ ਸਬੰਧੀ ਪੂਰਨ ਜਾਣਕਾਰੀ ਦਿੱਤੀ ਜਾਵੇਗੀ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਕੈਂਪ ਬਲਾਕ ਗੰਡੀਵਿੰਡ ਵਿੱਚ 4 ਅਗਸਤ ਨੂੰ, ਭਿੱਖੀਵਿੰਡ ਵਿੱਚ 7 ਅਗਸਤ ਨੂੰ, ਵਲਟੋਹਾ ਵਿੱਚ 9 ਅਗਸਤ ਨੂੰ, ਚੋਹਲਾ ਸਾਹਿਬ ਵਿੱਚ 11 ਅਗਸਤ ਨੂੰ, ਨੌਸ਼ਹਿਰਾ ਪੰਨੂਆਂ ਵਿੱਚ 14 ਅਗਸਤ ਨੂੰ, ਖਡੂਰ ਸਾਹਿਬ ਵਿੱਚ 16 ਅਗਸਤ ਨੂੰ ਅਤੇ ਪੱਟੀ ਵਿੱਚ 18 ਅਗਸਤ ਨੂੰ ਲਗਾਏ ਜਾਣਗੇ।ਉਹਨਾਂ ਦੱਸਿਆ ਕਿ ਇਹਨਾਂ ਕੈਂਪਾਂ ਵਿੱਚ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਸਹੁੰ ਵੀ ਚੁਕਾਈ ਜਾਵੇਗੀ। ਉਹਨਾਂ ਦੱਸਿਆ ਕਿ ਇਸ ਲੜੀ ਤਹਿਤ 2 ਅਗਸਤ ਨੂੰ ਬਲਾਕ ਤਰਨਤਾਰਨ ਵਿੱਚ ਇੱਕ ਕੈਂਪ ਦਾ ਆਯੋਜਨ ਕੀਤਾ ਜਾ ਚੁੱਕਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਹਰ ਇੱਕ ਸਰਕਲ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਹਨਾਂ ਕੈਂਪਾਂ ਵਿੱਚ ਕਿਸਾਨਾਂ ਨੂੰ ਪਰਾਲੀ ਦੇ ਸਾੜਨ ਨਾਲ ਹੋਣ ਵਾਲੇ ਨੁਕਸਾਨ ਅਤੇ ਨਾ ਸਾੜਨ ਨਾਲ ਹੋਣ ਵਾਲੇ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।ਉਹਨਾਂ ਦੱਸਿਆ ਕਿ ਜਿੰਨ੍ਹਾਂ ਕਿਸਾਨਾਂ ਨੇ ਨਾੜ ਨੂੰ ਅੱਗ ਨਹੀਂ ਲਾਈ ਉਹਨਾਂ ਨੂੰ ਕੈਂਪਾਂ ਵਿੱਚ ਬੁਲਾ ਕੇ ਦੂਜੇ ਕਿਸਾਨਾਂ ਦੇ ਰੂਬਰੂ ਕੀਤਾ ਜਾ ਰਿਹਾ ਹੈ ਤਾਂ ਜੋ ਉਹਨਾਂ ਨੂੰ ਵੀ ਇਸ ਪ੍ਰਤੀ ਉਤਸ਼ਾਹਿਤ ਕੀਤਾ ਜਾ ਸਕੇ। ਇਸ ਤੋਂ ਇਲਾਵਾ ਕਿਸਾਨਾਂ ਨੂੰ ਪ੍ਰਚਾਰ ਵੈਨਾਂ ਅਤੇ ਮੀਡੀਆਂ ਰਾਹੀਂ ਵੀ ਨਾੜ ਨਾ ਸਾੜਨ ਬਾਰੇ ਸੁਚੇਤ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ ਸ੍ਰੀ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਦੀ ਹੱਦ ਦੇ ਅੰਦਰ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਹੁਕਮ ਜਾਰੀ ਕੀਤੇ ਗਏ ਹਨ ਕਿ ਝੋਨੇ ਦੀ ਕਟਾਈ ਦੇ ਸੀਜ਼ਨ ਦੌਰਾਨ ਸਾਰੇ ਕੰਬਾਇਨ ਮਾਲਕ ਝੋਨੇ ਦੀ ਕਟਾਈ ਦੌਰਾਨ ਆਪਣੀਆਂ ਕੰਬਾਇਨਾਂ ਨਾਲ ਸੁਪਰ ਐੱਸ. ਐੱਮ. ਐੱਸ. ਲਗਾਉਣੇ ਯਕੀਨੀ ਬਣਾਉਣਗੇ ਅਤੇ ਜ਼ਿਲ੍ਹੇ ਵਿੱਚ ਕਿਸੇ ਵੀ ਕੰਬਾਈਨ ਨੂੰ ਸੁਪਰ ਐੱਸ. ਐੱਮ. ਐੱਸ. ਲਗਾਏ ਬਿਨ੍ਹਾਂ ਝੋਨੇ ਦੀ ਕਟਾਈ ਨਹੀਂ ਕਰਨ ਦਿੱਤੀ ਜਾਵੇਗੀ।

-------------